# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 14-11-2024**

ਸ੍ਰੀ ਗੁਰੂ ਨਾਨਕ ਦੇਵ ਜੀ ਦੇ 555ਵੇਂ ਪ੍ਰਕਾਸ਼ ਪੁਰਬ ਮੌਕੇ ਪੰਜਾਬ ਭਰ ਵਿਚ ਨਗਰ ਕੀਰਤਨ ਸਜਾਏ ਜਾ ਰਹੇ ਨੇ। ਇਨ੍ਹਾਂ ਨਗਰ ਕੀਰਤਨਾਂ ਵਿਚ ਸੰਗਤਾ ਵਧ ਚੜ ਕੇ ਹਿਸਾ ਲੈ ਰਹੀਆਂ ਨੇ। ਇਸੇ ਤਰਾਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਅਤੇ ਪੰਜ ਪਿਆਰਿਆਂ ਦੀ ਅਗਵਾਈ ਦੇ ਹੇਠ ਨਗਰ ਕੀਰਤਨ ਖਾਲਸਾ ਕਾਲਜ ਤੋਂ ਆਰੰਭ ਹੋਇਆ ਅਤੇ ਸ਼ਹਿਰ ਦੇ ਵੱਖ-ਵੱਖ ਬਾਜ਼ਾਰਾਂ ਚੋਂ ਹੁੰਦਾ ਹੋਇਆ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਪਹੁੰਚ ਕੇ ਸੰਪੰਨ ਹੋਇਆ ਨਗਰ ਕੀਰਤਨ ਦਾ ਥਾਂ ਥਾਂ ਤੇ ਸ਼ਾਨਦਾਰ ਸਵਾਗਤ ਕੀਤਾ ਗਿਆ। ਸੰਗਤਾਂ ਵੱਲੋਂ ਗੁਰੂ ਸਾਹਿਬ ਪ੍ਰਤੀ ਸ਼ਰਧਾ ਅਤੇ ਸਤਿਕਾਰ ਭੇਂਟ ਕਰਦਿਆਂ ਅਟੁੱਟ ਵਰਤਾਏ ਗਏ। ਨਗਰ ਕੀਰਤਨ ਵਿੱਚ ਗਤਕਾ ਪਾਰਟੀਆਂ ਸ਼ਬਦੀ ਧੁਨਾਂ ਵਜਾਉਂਦੀਆਂ ਸਕੂਲੀ ਬੱਚਿਆਂ ਦੀਆਂ ਬੈਂਡ ਪਾਰਟੀਆਂ ਸਬਦੀ ਜੱਥੇ ਸਭਾ

ਸੁਸਾਇਟੀਆਂ ਅਤੇ ਗੁਰੂ ਜਸ ਗਾਇਨ ਕਰਦੀਆਂ ਸੰਗਤਾਂ ਵੱਡੀ ਗਿਣਤੀ ਵਿੱਚ ਸ਼ਾਮਿਲ ਹੋਈਆਂ।

------------------------------------------------------------------

ਗੁਰਦੁਆਰਾ ਸ੍ਰੀ ਨਨਕਾਣਾ ਸਾਹਿਬ ਵਿਖੇ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਗੁਰਪੁਰਬ ਮਨਾਉਣ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਿੱਖ ਸ਼ਰਧਾਲੂਆਂ ਦਾ ਜਥਾ ਪਾਕਿਸਤਾਨ ਲਈ ਰਵਾਨਾ ਕੀਤਾ ਗਿਆ। ਜਥੇ ਦੀ ਅਗਵਾਈ ਸ਼੍ਰੋਮਣੀ ਕਮੇਟੀ ਦੇ ਮੈਂਬਰ ਗੁਰਨਾਮ ਸਿੰਘ ਜੱਸਲ ਕਰਨਗੇ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਕੁਲਵੰਤ ਸਿੰਘ ਮੰਨਣ ਨੇ ਕਿਹਾ ਕਿ ਪਾਕਿਸਤਾਨ ਸਥਿਤ ਗੁਰਧਾਮਾਂ ਦੇ ਦਰਸ਼ਨਾਂ ਦੀ ਹਰ ਸਿੱਖ ਦੇ ਮਨ ਵਿਚ ਤਾਂਘ ਐ ਅਤੇ ਸਿੱਖ ਸ਼ਰਧਾਲੂਆਂ ਨੂੰ ਖੁਲ੍ਹਦਿਲੀ ਨਾਲ ਵੀਜ਼ੇ ਮਿਲਣੇ ਚਾਹੀਦੇ ਨੇ। ਇਸ ਵਾਰ ਸ਼੍ਰੋਮਣੀ ਕਮੇਟੀ ਵੱਲੋਂ ਭੇਜੇ 2244 ਸ਼ਰਧਾਲੂਆਂ ਵਿੱਚੋਂ 1481 ਸ਼ਰਧਾਲੂਆਂ ਨੂੰ ਪਾਕਿਸਤਾਨ ਹਾਈ ਕਮਿਸ਼ਨ ਵੱਲੋਂ ਵੀਜ਼ਾ ਨਹੀਂ ਦਿੱਤਾ ਗਿਆ।

------------------------------------------------------------------

ਅੱਜ ਦੇਸ਼ ਭਰ ਵਿਚ ਭਾਰਤ ਦੇ ਪਹਿਲੇ ਪ੍ਰਧਾਨ ਮੰਤਰੀ ਪੰਡਿਤ ਜਵਾਹਰ ਲਾਲ ਨਹਿਰੂ ਦਾ 135ਵਾਂ ਜਨਮ ਦਿਵਸ ਮਨਾਇਆ ਜਾ ਰਿਹਾ ਐ । ਚਾਚਾ ਨਹਿਰੂ ਦੇ ਨਾਮ ਨਾਲ ਜਾਣੇ ਜਾਂਦੇ ਪੰਡਿਤ ਨਹਿਰੂ ਦੇ ਜਨਮ ਦਿਹਾੜੇ ਨੂੰ ਬਾਲ ਦਿਵਸ ਵਜੋਂ ਵੀ ਮਨਾਇਆ ਜਾਂਦਾ ਹੈ । ਇਸ ਸਬੰਧ ਵਿਚ ਦੇਸ਼ ਦੀਆਂ ਵਖ-ਵ੍ਖ ਸਿਖਿਆ ਸੰਸਥਾਵਾਂ ਵਿਚ ਸਭਿਆਚਾਰਕ ਪਰੋਗਰਾਮ ਕਰਵਾਏ ਜਾ ਰਹੇ ਨੇ । ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਸਾਬਕਾ ਪ੍ਰਧਾਨ ਮੰਤਰੀ ਪੰਡਿਤ ਜਵਾਹਰ ਲਾਲ ਨਹਿਰੂ ਨੂੰ ਉਨ੍ਹਾਂ ਦੇ ਜਨਮ ਦਿਵਸ ਤੇ ਸ਼ਰਧਾਂਜਲੀ ਦਿੱਤੀ ਐ ।

---------------------------------------------------------------------

26 ਜਨਵਰੀ ਨੂੰ ਦਿੱਲੀ ਵਿਖੇ ਹੋਣ ਵਾਲੀ ਗਣਤੰਤਰ ਦਿਵਸ ਸਮਾਗਮ ਦੀ ਪਰੇਡ ਵਿੱਚ ਸ਼ਾਮਿਲ ਹੋਣ ਲਈ ਪੰਜਾਬ, ਹਰਿਆਣਾ, ਹਿਮਾਚਲ ਪ੍ਰਦੇਸ਼ ਅਤੇ ਚੰਡੀਗੜ੍ਹ ਤੋਂ 125 ਐਨਸੀਸੀ ਕੈਡੇਟਸ ਜਾਣਗੇ ਜਿਨਾਂ ਦੀ ਸਿਖਲਾਈ ਐਨਸੀਸੀ ਅਕੈਡਮੀ ਰੂਪ ਨਗਰ ਵਿਖੇ ਸ਼ੁਰੂ ਹੋ ਗਈ ਐ । ਇਹ 125 ਕੈਡੇਟਸ 400 ਕੈਡੇਟਸ ਵਿੱਚੋਂ ਚੁਣੇ ਜਾਣਗੇ ।

---------------------------------------------------------------------

ਰਾਜ ਚੋਣ ਕਮਿਸ਼ਨ ਵੱਲੋਂ ਨਗਰ ਕੌਂਸਲਾਂ ਅਤੇ ਨਗਰ ਪੰਚਾਇਤਾਂ ਦੀਆਂ

ਆਮ ਚੋਣਾਂ ਕਰਵਾਉਣ ਲਈ ਇਕ ਨਵੰਬਰ 2024 ਨੂੰ ਵੋਟਰਾਂ ਦੀ ਯੋਗਤਾ ਆਧਾਰ ਮਿਤੀ ਮੰਨਦੇ ਹੋਏ ਵੋਟਰ ਸੂਚੀਆਂ ਦੀ ਸੁਧਾਈ ਦਾ ਪ੍ਰੋਗਰਾਮ ਜਾਰੀ ਕੀਤਾ ਗਿਆ ਐ । ਇਹ ਜਾਣਕਾਰੀ ਦਿੰਦਿਆਂ ਮਾਲੇਰਕੋਟਲਾ ਦੇ ਜ਼ਿਲ੍ਹਾ ਚੋਣਕਾਰ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਡਾ. ਪੱਲਵੀ ਨੇ ਦੱਸਿਆ ਕਿ ਨਗਰ ਕੌਂਸਲਾਂ ਤੇ ਨਗਰ ਪੰਚਾਇਤਾਂ ਦੀਆਂ ਆਮ ਚੋਣਾਂ ਲਈ ਵੋਟਰ ਸੂਚੀਆਂ ਦੀ ਸੁਧਾਈ ਦੇ ਜਾਰੀ ਪ੍ਰੋਗਰਾਮ ਅਨੁਸਾਰ ਵੋਟਰ ਸੂਚੀਆਂ ਦੇ ਡਰਾਫ਼ਟ ਦੀ ਛਪਾਈ 14 ਨਵੰਬਰ ਨੂੰ ਹੋਵੇਗੀ ।

---------------------------------------------------------------------------

ਬਠਿੰਡਾ ਦੇ ਮੁੱਖ ਖੇਤੀਬਾੜੀ ਅਫ਼ਸਰ ਡਾ. ਜਗਸੀਰ ਸਿੰਘ ਨੇ ਦੱਸਿਆ ਕਿ ਡਿਪਟੀ ਕਮਿਸ਼ਨਰ ਸ਼ੌਕਤ ਅਹਿਮਦ ਪਰੇ ਦੇ ਦਿਸ਼ਾ-ਨਿਰਦੇਸ਼ਾਂ ਹੇਠ ਡੀਏਪੀ ਖਾਦ ਦੀ ਕਾਲਾਬਾਜ਼ਾਰੀ ਨੂੰ ਰੋਕਣ ਲਈ ਜ਼ਿਲ੍ਹੇ ਅੰਦਰ ਪਿਛਲੇ ਕਈ ਦਿਨਾਂ ਤੋਂ ਸਾਰੇ ਖਾਦ ਡੀਲਰਾਂ ਦੀਆਂ ਦੁਕਾਨਾਂ ਅਤੇ ਗੁਦਾਮਾਂ ਦੀ ਚੈਕਿੰਗ ਕੀਤੀ ਜਾ ਰਹੀ ਐ । ਖਾਦ ਵਿਕਰੇਤਾਵਾਂ ਨੂੰ ਹਦਾਇਤ ਕੀਤੀ ਗਈ ਐ ਕਿ ਡੀ.ਏ.ਪੀ. ਖਾਦ ਦੇ ਬਦਲ ਵਾਲੀਆਂ ਖਾਦਾਂ ਸਮੇਤ ਬਿੱਲ ਕਿਸਾਨਾਂ ਨੂੰ ਦਿੱਤੀਆਂ ਜਾਣ । ਜੇਕਰ ਕੋਈ ਖਾਦ ਵਿਕਰੇਤਾ ਡੀਏਪੀ ਖਾਦ

ਦੀ ਕਾਲਾਬਾਜ਼ਾਰੀ ਕਰਦਾ ਪਾਇਆ ਗਿਆ ਤਾਂ ਉਸ ਖਿਲਾਫ ਸਖਤ ਕਾਰਵਾਈ ਕੀਤੀ ਜਾਵੇਗੀ।

---------------------------------------------------------------------

ਸੇਵਾ ਕੇਂਦਰਾਂ ਦੀ ਸਭ ਤੋਂ ਘੱਟ 0.07 ਫੀਸਦ ਪੈਂਡੈਂਸੀ ਨਾਲ ਜ਼ਿਲ੍ਹਾ ਹੁਸ਼ਿਆਰਪੁਰ ਪੰਜਾਬ ਭਰ ਵਿੱਚੋਂ ਪਹਿਲੇ ਸਥਾਨ ਤੇ ਰਿਹਾ ਐ। ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਕੋਮਲ ਮਿੱਤਲ ਦੱਸਿਆ ਕਿ ਪਿਛਲੇ ਇਕ ਸਾਲ ਦੌਰਾਨ ਜ਼ਿਲ੍ਹੇ ਦੇ ਸੇਵਾ ਕੇਂਦਰਾਂ ਵਿੱਚ ਕੁੱਲ 3 ਲੱਖ 9 ਹਜ਼ਾਰ 51 ਅਰਜ਼ੀਆਂ ਪ੍ਰਾਪਤ ਹੋਈਆਂ, ਜਿਨ੍ਹਾਂ ਵਿੱਚੋਂ 3 ਲੱਖ 4 ਹਜ਼ਾਰ 20 ਅਰਜ਼ੀਆਂ ਦਾ ਨਿਪਟਾਰਾ ਕੀਤਾ ਜਾ ਚੁੱਕਾ ਐ। ਇਸ ਤੋਂ ਇਲਾਵਾ ਸੈਂਡ ਬੈਕ ਕੇਸਾਂ ਦੀ ਗਿਣਤੀ ਸਭ ਤੋਂ ਘੱਟ 0.5 ਫੀਸਦ ਹੋਣ ਕਾਰਨ ਵੀ ਜਿਲ੍ਹਾ ਹੁਸ਼ਿਆਰਪੁਰ ਸੂਬੇ ਭਰ ਵਿੱਚੋਂ ਮੋਹਰੀ ਰਿਹਾ ਐ।

---------------------------------------------------------------------

ਬੀਤੀ ਰਾਤ ਤੋਂ ਹੀ ਪੱਛਮੀ ਹਿਮਾਲਾ ਵਿੱਚ ਵੈਸਟਰਨ ਡਿਸਟਰਬੈਂਸ ਸਰਗਰਮ ਹੋਇਆ ਏ ਜਿਸ ਦਾ ਅਸਰ ਪਹਾੜਾਂ ‘ਤੇ ਦੇਖਣ ਨੂੰ ਮਿਲੇਗਾ। ਜੰਮੂ-ਕਸ਼ਮੀਰ ਅਤੇ ਹਿਮਾਚਲ ਪ੍ਰਦੇਸ਼ ‘ਚ ਬਰਫਬਾਰੀ ਦੀ ਸੰਭਾਵਨਾ ਏ ਜਿਸ ਤੋਂ ਬਾਅਦ ਪੰਜਾਬ ਅਤੇ ਚੰਡੀਗੜ੍ਹ ‘ਚ ਤਾਪਮਾਨ ‘ਚ ਗਿਰਾਵਟ

ਦੇਖਣ ਨੂੰ ਮਿਲ ਸਕਦੀ ਏ। ਇਹੀ ਮੌਸਮੀ ਗੜਬੜੀ 15 ਨਵੰਬਰ ਨੂੰ ਪੰਜਾਬ ਦੇ ਸਰਹੱਦੀ ਇਲਾਕਿਆਂ ਨੂੰ ਵੀ ਪ੍ਰਭਾਵਿਤ ਕਰ ਸਕਦਾ ਏ ਤੇ ਮੀਂਹ ਪੈਣ ਦੀ ਸੰਭਾਵਨਾ ਏ। ਮੌਸਮ ਵਿਭਾਗ ਅਨੁਸਾਰ ਇਸ ਦਿਨ ਅੰਮ੍ਰਿਤਸਰ, ਗੁਰਦਾਸਪੁਰ, ਪਠਾਨਕੋਟ ਅਤੇ ਤਰਨਤਾਰਨ ਵਿੱਚ ਮੀਂਹ ਪੈਣ ਦੀ ਸੰਭਾਵਨਾ ਏ। ਮੌਸਮ ਵਿਭਾਗ ਨੇ 15 ਨਵੰਬਰ ਤੱਕ ਧੁੰਦ ਨੂੰ ਲੈ ਕੇ ਯੈਲੋ ਅਲਰਟ ਜਾਰੀ ਕੀਤਾ ਏ।

-----------------------------------------------------------------------------

ਬਿਹਾਰ ਦੇ ਰਾਜਗੀਰ ਵਿੱਚ ਚੱਲ ਰਹੀ ਏਸ਼ਿਆਈ ਮਹਿਲਾ ਹਾਕੀ ਚੈਂਪੀਅਨਸ਼ਿਪ ਵਿੱਚ, ਮੌਜੂਦਾ ਚੈਂਪੀਅਨ ਭਾਰਤ ਦਾ ਅੱਜ ਆਪਣੇ ਤੀਜੇ ਮੈਚ ਵਿੱਚ, ਥਾਈਲੈਂਡ ਨਾਲ ਮੁਕਾਬਲਾ ਹੋਵੇਗਾ। ਇਹ ਮੈਚ ਸ਼ਾਮ ਪੌਣੇ 5 ਵਜੇ ਸ਼ੁਰੂ ਹੋਵੇਗਾ। ਭਾਰਤ ਨੇ ਪਹਿਲੇ ਮੈਚ ਵਿੱਚ ਮਲੇਸ਼ੀਆ ਨੂੰ 4-0 ਨਾਲ ਅਤੇ ਦੂਜੇ ਮੈਚ ਵਿੱਚ ਦੱਖਣੀ ਕੋਰੀਆ ਨੂੰ 3-2 ਨਾਲ ਹਰਾਇਆ ਸੀ।